ਬਸੰਤੁ ਮਹਲਾ ੧ ਅਸਟਪਦੀਆ ਘਰੁ ੧ ਦੁਤੁਕੀਆ ੴ ਸਤਿਗੁਰ ਪ੍ਰਸਾਦਿ ॥ ਜਗੁ ਕਊਆ ਨਾਮੁ ਨਹੀ ਚੀਤਿ ॥ ਨਾਮੁ ਬਿਸਾਰਿ ਗਿਰੈ ਦੇਖੁ ਭੀਤਿ ॥ ਮਨੂਆ ਡੋਲੈ ਚੀਤਿ ਅਨੀਤਿ ॥ ਜਗ ਸਿਉ ਤੂਟੀ ਝੂਠ ਪਰੀਤਿ ॥੧॥ ਕਾਮੁ ਕ੍ਰੋਧੁ ਬਿਖੁ ਬਜਰੁ ਭਾਰੁ ॥ ਨਾਮ ਬਿਨਾ ਕੈਸੇ ਗੁਨ ਚਾਰੁ ॥੧॥ ਰਹਾਉ ॥ ਘਰੁ ਬਾਲੂ ਕਾ ਘੂਮਨ ਘੇਰਿ ॥ ਬਰਖਸਿ ਬਾਣੀ ਬੁਦਬੁਦਾ ਹੇਰਿ ॥ ਮਾਤ੍ਰ ਬੂੰਦ ਤੇ ਧਰਿ ਚਕੁ ਫੇਰਿ ॥ ਸਰਬ ਜੋਤਿ ਨਾਮੈ ਕੀ ਚੇਰਿ ॥੨॥ ਸਰਬ ਉਪਾਇ ਗੁਰੂ ਸਿਰਿ ਮੋਰੁ ॥ ਭਗਤਿ ਕਰਉ ਪਗ ਲਾਗਉ ਤੋਰ ॥ ਨਾਮਿ ਰਤੋ ਚਾਹਉ ਤੁਝ ਓਰੁ ॥ ਨਾਮੁ ਦੁਰਾਇ ਚਲੈ ਸੋ ਚੋਰੁ ॥੩॥ ਪਤਿ ਖੋਈ ਬਿਖੁ ਅੰਚਲਿ ਪਾਇ ॥ ਸਾਚ ਨਾਮਿ ਰਤੋ ਪਤਿ ਸਿਉ ਘਰਿ ਜਾਇ ॥ ਜੋ ਕਿਛੁ ਕੀਨ੍ਹਸਿ ਪ੍ਰਭੁ ਰਜਾਇ ॥ ਭੈ ਮਾਨੈ ਨਿਰਭਉ ਮੇਰੀ ਮਾਇ ॥੪॥ ਕਾਮਨਿ ਚਾਹੈ ਸੁੰਦਰਿ ਭੋਗੁ ॥ ਪਾਨ ਫੂਲ ਮੀਠੇ ਰਸ ਰੋਗ ॥ ਖੀਲੈ ਬਿਗਸੈ ਤੇਤੋ ਸੋਗ ॥ ਪ੍ਰਭ ਸਰਣਾਗਤਿ ਕੀਨ੍ਹਸਿ ਹੋਗ ॥੫॥ ਕਾਪੜੁ ਪਹਿਰਸਿ ਅਧਿਕੁ ਸੀਗਾਰੁ ॥ ਮਾਟੀ ਫੂਲੀ ਰੂਪੁ ਬਿਕਾਰੁ ॥ ਆਸਾ ਮਨਸਾ ਬਾਂਧੋ ਬਾਰੁ ॥ ਨਾਮ ਬਿਨਾ ਸੂਨਾ ਘਰੁ ਬਾਰੁ ॥੬॥ ਗਾਛਹੁ ਪੁਤ੍ਰੀ ਰਾਜ ਕੁਆਰਿ ॥ ਨਾਮੁ ਭਣਹੁ ਸਚੁ ਦੋਤੁ ਸਵਾਰਿ ॥ ਪ੍ਰਿਉ ਸੇਵਹੁ ਪ੍ਰਭ ਪ੍ਰੇਮ ਅਧਾਰਿ ॥ ਗੁਰ ਸਬਦੀ ਬਿਖੁ ਤਿਆਸ ਨਿਵਾਰਿ ॥੭॥ ਮੋਹਨਿ ਮੋਹਿ ਲੀਆ ਮਨੁ ਮੋਹਿ ॥ ਗੁਰ ਕੈ ਸਬਦਿ ਪਛਾਨਾ ਤੋਹਿ ॥ ਨਾਨਕ ਠਾਢੇ ਚਾਹਹਿ ਪ੍ਰਭੂ ਦੁਆਰਿ ॥ ਤੇਰੇ ਨਾਮਿ ਸੰਤੋਖੇ ਕਿਰਪਾ ਧਾਰਿ ॥੮॥੧॥ {ਪੰਨਾ 1187}

ਪਦਅਰਥ:- ਜਗੁ—ਜਗਤ, ਮਾਇਆ-ਵੇੜ੍ਹਿਆ ਜੀਵ। ਚੀਤਿ—ਚਿੱਤ ਵਿਚ। ਗਿਰੈ—ਡਿੱਗਦਾ ਹੈ। ਦੇਖੁ—(ਹੇ ਭਾਈ!) ਵੇਖ। ਭੀਤਿ—ਭਿੱਤੀ, ਚੋਗਾ। ਅਨੀਤਿ—ਬਦਨੀਤੀ। ਸਿਉ—ਨਾਲ। ਤੂਟੀ—ਟੁੱਟ ਜਾਂਦੀ ਹੈ, ਸਦਾ ਨਹੀਂ ਨਿਭਦੀ।1।

ਬਿਖੁ—ਜ਼ਹਰ। ਬਜਰੁ—ਕਰੜਾ। ਗੁਨ ਚਾਰੁ—ਗੁਣਾਂ ਵਾਲਾ ਆਚਾਰ (ਆਚਰਨ)।1। ਰਹਾਉ।

ਬਾਲੂ—ਰੇਤ। ਬਰਖਸਿ—ਵਰਖਾ ਹੋਣ ਤੇ। ਬਾਣੀ—ਬਨਾਵਟ। ਹੇਰਿ—ਵੇਖ। ਤੇ—ਤੋਂ। ਧਰਿ—ਬਣਾ ਦੇਂਦਾ ਹੈ। ਫੇਰਿ—ਫੇਰ ਕੇ। ਨਾਮੈ ਕੀ—ਨਾਮ ਦੀ ਹੀ। ਚੇਰਿ—ਦਾਸੀ।2।

ਸਿਰਿਮੋਰੁ—ਸ਼ਿਰੋਮਣੀ। ਕਰਉ—ਮੈਂ ਕਰਾਂ। ਪਗ ਤੋਰ—ਤੇਰੀ ਚਰਨੀਂ। ਨਾਮਿ—ਨਾਮ ਵਿਚ। ਓਰੁ—ਪਾਸਾ, ਆਸਰਾ। ਦੁਰਾਇ—ਲੁਕਾ ਕੇ। ਚਲੈ—ਜੀਵਨ-ਪੰਧ ਤੇ ਤੁਰਦਾ ਹੈ।3।

ਪਤਿ—ਇੱਜ਼ਤ। ਅੰਚਲਿ ਪਾਇ—ਪੱਲੇ ਬੰਨ੍ਹ ਕੇ। ਕੀਨ੍ਹਸਿ—ਕਰਦਾ ਹੈ। ਮਾਇ—ਹੇ ਮਾਂ!।4।

ਕਾਮਨਿ—ਇਸਤ੍ਰੀ। ਸੁੰਦਰਿ—ਸੋਹਣੀ। ਖੀਲੈ—ਖੇਲਦੀ ਹੈ, ਖਿੱਲੀਆਂ ਪਾਂਦੀ ਹੈ। ਬਿਗਸੈ—ਖਿੜਦੀ ਹੈ, ਖ਼ੁਸ਼ ਹੁੰਦੀ ਹੈ। ਤੇਤੋ—ਉਤਨਾ ਹੀ (ਵਧੀਕ)। ਕੀਨ੍ਹਸਿ—ਕਰਦਾ ਹੈ।5।

ਪਹਿਰਸਿ—ਪਹਿਨਦੀ ਹੈ। ਅਧਿਕੁ—ਬਹੁਤ। ਮਾਟੀ—ਮਿੱਟੀ ਦੀ ਮੂਰਤੀ, ਕਾਂਇਆਂ। ਫੂਲੀ—ਫੁੱਲਦੀ ਹੈ, ਮਾਣ ਕਰਦੀ ਹੈ। ਬਾਰੁ—ਦਰਵਾਜ਼ਾ (ਜਿਸ ਰਸਤੇ ਪ੍ਰਭੂ ਨੂੰ ਮਿਲ ਸਕੀਦਾ ਹੈ)। ਘਰੁ ਬਾਰੁ—ਹਿਰਦਾ।6।

ਗਾਛਹੁ—ਜਾਓ (ਮੈਨੂੰ ਕੁਰਾਹੇ ਪਾਣ ਦੇ ਜਤਨ ਨਾਹ ਕਰੋ)। ਪੁਤ੍ਰੀ ਰਾਜ ਕੁਆਰਿ—ਹੇ ਪੁਤ੍ਰੀ! ਹੇ ਰਾਜ ਕੁਮਾਰੀ! ਹੇ ਮੇਰੀ ਜਿੰਦੇ! ਦੋਤੁ—ਅੰਮ੍ਰਿਤ ਵੇਲਾ, ਸਵੇਰਾ, ਦਿਨ। ਸਵਾਰਿ—ਸਵਾਰ ਕੇ, ਸੰਭਾਲ ਕੇ। ਅਧਾਰਿ—ਆਸਰੇ ਨਾਲ। ਤਿਆਸ—ਮਾਇਆ ਦੀ ਤ੍ਰਿਸ਼ਨਾ।7।

ਮੋਹਨਿ—ਮੋਹਨ ਨੇ। ਮਨੁ ਮੋਹਿ—ਮੇਰਾ ਮਨ। ਤੋਹਿ—(ਹੇ ਪ੍ਰਭੂ!) ਤੈਨੂੰ। ਠਾਢੇ—ਖਲੋਤੇ ਹੋਏ। ਦੁਆਰਿ—ਦਰ ਤੇ। ਨਾਮਿ—ਨਾਮ ਵਿਚ। ਕਿਰਪਾ ਧਾਰਿ—ਮੇਹਰ ਕਰ।8।

ਅਰਥ:- (ਹੇ ਭਾਈ!) ਵੇਖ, ਜਿਸ ਦੇ ਚਿੱਤ ਵਿਚ ਪਰਮਾਤਮਾ ਦਾ ਨਾਮ ਨਹੀਂ ਹੈ ਉਹ ਮਾਇਆ-ਵੇੜ੍ਹਿਆ ਜੀਵ ਕਾਂ (ਦੇ ਸੁਭਾਵ ਵਾਲਾ) ਹੈ; ਪ੍ਰਭੂ ਦਾ ਨਾਮ ਭੁਲਾ ਕੇ (ਉਹ ਕਾਂ ਵਾਂਗ) ਚੋਗੇ ਤੇ ਡਿੱਗਦਾ ਹੈ, ਉਸ ਦਾ ਮਨ (ਮਾਇਆ ਵਲ ਹੀ) ਡੋਲਦਾ ਰਹਿੰਦਾ ਹੈ, ਉਸ ਦੇ ਚਿੱਤ ਵਿਚ (ਸਦਾ) ਖੋਟ ਹੀ ਹੁੰਦਾ ਹੈ। ਪਰ ਦੁਨੀਆ ਦੀ ਮਾਇਆ ਨਾਲ ਇਹ ਪ੍ਰੀਤਿ ਝੂਠੀ ਹੈ, ਕਦੇ ਤੋੜ ਨਹੀਂ ਚੜ੍ਹਦੀ।1।

(ਹੇ ਭਾਈ! ਕਾਮ ਤੇ ਕ੍ਰੋਧ (ਮਾਨੋ) ਜ਼ਹਰ ਹੈ (ਜੋ ਆਤਮਕ ਜੀਵਨ ਨੂੰ ਮੁਕਾ ਦੇਂਦਾ ਹੈ), ਇਹ (ਮਾਨੋ) ਇਕ ਕਰੜਾ ਬੋਝ ਹੈ (ਜਿਸ ਦੇ ਹੇਠ ਆਤਮਕ ਜੀਵਨ ਘੁੱਟ ਕੇ ਮਰ ਜਾਂਦਾ ਹੈ)। ਗੁਣਾਂ ਵਾਲਾ ਆਚਰਨ (ਆਤਮਕ ਜੀਵਨ) ਪਰਮਾਤਮਾ ਦਾ ਨਾਮ ਸਿਮਰਨ ਤੋਂ ਬਿਨਾ ਕਦੇ ਬਣ ਹੀ ਨਹੀਂ ਸਕਦਾ।1।

(ਹੇ ਭਾਈ!) ਵੇਖ, ਜਿਵੇਂ ਘੁੰਮਣ-ਘੇਰੀ ਵਿਚ ਰੇਤ ਦਾ ਘਰ ਬਣਿਆ ਹੋਇਆ ਹੋਵੇ, ਜਿਵੇਂ ਵਰਖਾ ਵੇਲੇ ਬੁਲਬੁਲਾ ਬਣ ਜਾਂਦਾ ਹੈ (ਤਿਵੇਂ ਇਸ ਸਰੀਰ ਦੀ ਪਾਂਇਆਂ ਹੈ, ਜਿਸ ਨੂੰ ਸਿਰਜਣਹਾਰ ਨੇ ਆਪਣੀ ਕੁਦਰਤਿ ਦਾ) ਚੱਕ ਘੁਮਾ ਕੇ (ਪਿਤਾ ਦੇ ਵੀਰਜ ਦੀ) ਬੂੰਦ ਮਾਤ੍ਰ ਤੋਂ ਰਚ ਦਿੱਤਾ ਹੈ (ਜਿਵੇਂ ਕੋਈ ਘੁਮਿਆਰ ਚੱਕ ਘੁਮਾ ਕੇ ਮਿੱਟੀ ਤੋਂ ਭਾਂਡਾ ਬਣਾ ਦੇਂਦਾ ਹੈ)। (ਸੋ, ਹੇ ਭਾਈ! ਜੇ ਤੂੰ ਆਤਮਕ ਮੌਤ ਤੋਂ ਬਚਣਾ ਹੈ ਤਾਂ ਆਪਣੀ ਜਿੰਦ ਨੂੰ) ਉਸ ਪ੍ਰਭੂ ਦੇ ਨਾਮ ਦੀ ਦਾਸੀ ਬਣਾ ਜਿਸ ਦੀ ਜੋਤਿ ਸਭ ਜੀਵਾਂ ਵਿਚ ਮੌਜੂਦ ਹੈ।2।

ਹੇ ਪ੍ਰਭੂ! ਤੂੰ ਸਾਰੇ ਜੀਵ ਪੈਦਾ ਕਰ ਕੇ ਸਭ ਦੇ ਸਿਰ ਤੇ ਸ਼ਿਰੋਮਣੀ ਹੈਂ, ਗੁਰੂ ਹੈਂ। ਮੇਰੀ ਇਹ ਤਾਂਘ ਹੈ ਕਿ ਮੈਂ ਤੇਰੀ ਭਗਤੀ ਕਰਾਂ, ਮੈਂ ਤੇਰੇ ਚਰਨੀਂ ਲੱਗਾ ਰਹਾਂ, ਤੇਰੇ ਨਾਮ-ਰੰਗ ਵਿਚ ਰੰਗਿਆ ਰਹਾਂ ਤੇ ਤੇਰਾ ਹੀ ਪੱਲਾ ਫੜੀ ਰੱਖਾਂ। ਜੇਹੜਾ ਮਨੁੱਖ ਤੇਰੇ ਨਾਮ ਨੂੰ (ਆਪਣੀ ਜਿੰਦ ਤੋਂ) ਦੂਰ ਦੂਰ ਰੱਖ ਕੇ (ਜੀਵਨ-ਪੰਧ ਵਿਚ) ਤੁਰਦਾ ਹੈ ਉਹ ਤੇਰਾ ਚੋਰ ਹੈ।3।

ਹੇ ਮੇਰੀ ਮਾਂ! ਜੇਹੜਾ ਮਨੁੱਖ (ਵਿਕਾਰਾਂ ਦੀ) ਜ਼ਹਰ ਹੀ ਪੱਲੇ ਬੰਨ੍ਹਦਾ ਹੈ ਉਹ ਆਪਣੀ ਇੱਜ਼ਤ ਗਵਾ ਲੈਂਦਾ ਹੈ, ਪਰ ਜੇਹੜਾ ਬੰਦਾ ਸਦਾ-ਥਿਰ ਪਰਮਾਤਮਾ ਦੇ ਨਾਮ-ਰੰਗ ਵਿਚ ਰੰਗਿਆ ਜਾਂਦਾ ਹੈ, ਉਹ ਪ੍ਰਭੂ ਦੇ ਦੇਸ ਵਿਚ ਇੱਜ਼ਤ ਨਾਲ ਜਾਂਦਾ ਹੈ। (ਉਸ ਨੂੰ ਇਹ ਯਕੀਨ ਹੁੰਦਾ ਹੈ ਕਿ) ਪ੍ਰਭੂ ਜੋ ਕੁਝ ਕਰਦਾ ਹੈ ਆਪਣੀ ਰਜ਼ਾ ਵਿਚ ਕਰਦਾ ਹੈ (ਕਿਸੇ ਹੋਰ ਦਾ ਉਸ ਦੀ ਰਜ਼ਾ ਵਿਚ ਕੋਈ ਦਖ਼ਲ ਨਹੀਂ), ਤੇ ਜੇਹੜਾ ਬੰਦਾ ਉਸ ਦੇ ਡਰ-ਅਦਬ ਵਿਚ ਰਹਿਣ ਗਿੱਝ ਜਾਂਦਾ ਹੈ ਉਹ (ਇਸ ਜੀਵਨ-ਸਫ਼ਰ ਵਿਚ ਕਾਮ ਕ੍ਰੋਧ ਆਦਿਕ ਵਲੋਂ) ਬੇ-ਫ਼ਿਕਰ ਹੋ ਕੇ ਤੁਰਦਾ ਹੈ।4।

ਸੁੰਦਰ ਜੀਵ-ਇਸਤ੍ਰੀ ਦੁਨੀਆ ਦੇ ਚੰਗੇ ਪਦਾਰਥਾਂ ਦਾ ਭੋਗ ਲੋੜਦੀ ਹੈ, ਪਰ ਇਹ ਪਾਨ ਫੁੱਲ ਮਿੱਠੇ ਪਦਾਰਥਾਂ ਦੇ ਸੁਆਦ—ਇਹ ਸਭ ਹੋਰ ਹੋਰ ਵਿਕਾਰ ਤੇ ਰੋਗ ਹੀ ਪੈਦਾ ਕਰਦੇ ਹਨ। ਜਿਤਨਾ ਹੀ ਵਧੀਕ ਉਹ ਇਹਨਾਂ ਭੋਗਾਂ ਵਿਚ ਖਿੱਲੀਆਂ ਮਾਰਦੀ ਹੈ ਤੇ ਖ਼ੁਸ਼ ਹੁੰਦੀ ਹੈ ਉਤਨਾ ਹੀ ਵਧੀਕ ਦੁੱਖ-ਰੋਗ ਵਿਆਪਦਾ ਹੈ। ਪਰ ਜੇਹੜੀ ਜੀਵ-ਇਸਤ੍ਰੀ ਪ੍ਰਭੂ ਦੀ ਸਰਨ ਆ ਜਾਂਦੀ ਹੈ (ਉਹ ਰਜ਼ਾ ਵਿਚ ਤੁਰਦੀ ਹੈ ਉਸ ਨੂੰ ਨਿਸ਼ਚਾ ਹੁੰਦਾ ਹੈ ਕਿ) ਜੋ ਕੁਝ ਪ੍ਰਭੂ ਕਰਦਾ ਹੈ ਉਹੀ ਹੁੰਦਾ ਹੈ।5।

ਜੇਹੜੀ ਜੀਵ-ਇਸਤ੍ਰੀ ਸੋਹਣਾ ਸੋਹਣਾ ਕੱਪੜਾ ਪਹਿਨਦੀ ਹੈ ਵਧੀਕ ਵਧੀਕ ਸ਼ਿੰਗਾਰ ਕਰਦੀ ਹੈ, ਆਪਣੀ ਕਾਂਇਆਂ ਨੂੰ ਵੇਖ ਵੇਖ ਕੇ ਫੁੱਲ ਫੁੱਲ ਬਹਿੰਦੀ ਹੈ, ਉਸ ਦਾ ਰੂਪ ਉਸ ਨੂੰ ਹੋਰ ਹੋਰ ਵਿਕਾਰ ਵਲ ਪ੍ਰੇਰਦਾ ਹੈ, ਦੁਨੀਆ ਦੀਆਂ ਆਸਾਂ ਤੇ ਖ਼ਾਹਸ਼ਾਂ ਉਸ ਦੇ (ਦਸਵੇਂ) ਦਰਵਾਜ਼ੇ ਨੂੰ ਬੰਦ ਕਰ ਦੇਂਦੀਆਂ ਹਨ, ਪਰਮਾਤਮਾ ਦੇ ਨਾਮ ਤੋਂ ਬਿਨਾ ਉਸ ਦਾ ਹਿਰਦਾ-ਘਰ ਸੁੰਞਾ ਹੀ ਰਹਿੰਦਾ ਹੈ।6।

ਹੇ ਜਿੰਦੇ! ਉੱਠ ਉੱਦਮ ਕਰ, ਤੂੰ ਸਾਰੇ ਜਗਤ ਦੇ ਰਾਜੇ-ਪ੍ਰਭੂ ਦੀ ਅੰਸ ਹੈਂ, ਤੂੰ ਰਾਜ-ਪੁਤ੍ਰੀ ਹੈਂ, ਤੂੰ ਰਾਜ-ਕੁਮਾਰੀ ਹੈਂ, ਅੰਮ੍ਰਿਤ ਵੇਲੇ ਦੀ ਸੰਭਾਲ ਕਰ ਕੇ ਨਿਤ ਉਸ ਸਦਾ-ਥਿਰ ਰਹਿਣ ਵਾਲੇ ਪ੍ਰਭੂ ਦਾ ਨਾਮ ਸਿਮਰ। ਪ੍ਰਭੂ ਦੇ ਪ੍ਰੇਮ ਦੇ ਆਸਰੇ ਰਹਿ ਕੇ ਉਸ ਪ੍ਰੀਤਮ ਦੀ ਸੇਵਾ-ਭਗਤੀ ਕਰ, ਤੇ ਗੁਰੂ ਦੇ ਸ਼ਬਦ ਵਿਚ ਜੁੜ ਕੇ ਮਾਇਆ ਦੀ ਤ੍ਰਿਸ਼ਨਾ ਨੂੰ ਦੂਰ ਕਰ ਇਹ ਤ੍ਰਿਸ਼ਨਾ ਜ਼ਹਰ ਹੈ ਜੋ ਤੇਰੇ ਆਤਮਕ ਜੀਵਨ ਨੂੰ ਮਾਰ ਦੇਵੇਗੀ।7।

ਹੇ ਨਾਨਕ! (ਅਰਦਾਸ ਕਰ ਤੇ ਆਖ—) ਤੈਂ ਮੋਹਨ ਨੇ (ਆਪਣੇ ਕੌਤਕਾਂ ਨਾਲ) ਮੇਰਾ ਮਨ ਮੋਹ ਲਿਆ ਹੈ, (ਮੇਹਰ ਕਰ ਤਾ ਕਿ) ਮੈਂ ਗੁਰੂ ਦੇ ਸ਼ਬਦ ਦੀ ਰਾਹੀਂ ਤੈਨੂੰ ਪਛਾਣ ਸਕਾਂ। ਹੇ ਪ੍ਰਭੂ! ਅਸੀਂ ਜੀਵ ਤੇਰੇ ਦਰ ਤੇ ਖਲੋਤੇ (ਬੇਨਤੀ ਕਰਦੇ ਹਾਂ), ਕਿਰਪਾ ਕਰ, ਤੇਰੇ ਨਾਮ ਵਿਚ ਜੁੜ ਕੇ ਅਸੀਂ ਸੰਤੋਖ ਧਾਰਨ ਕਰ ਸਕੀਏ।8।1।